# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ : 06-10-2025**

ਕੇਂਦਰੀ ਚੋਣ ਕਮਿਸ਼ਨ ਨੇ ਪੰਜਾਬ ਤੋਂ ਰਾਜ ਸਭਾ ਸੀਟ ਦੀ ਜਿਮਨੀ ਚੋਣ ਦੀ ਤਰੀਕ ਬਾਰੇ ਐਲਾਨ ਕਰ ਦਿੱਤਾ ਏ, ਜਿਹੜੀ ਕਿ ਇਸੇ ਸਾਲ ਇਕ ਜੁਲਾਈ ਨੂੰ ਸੰਜੀਵ ਅਰੋੜਾ ਦੇ ਅਸਤੀਫ਼ੇ ਕਾਰਨ ਖਾਲੀ ਹੋ ਗਈ ਸੀ। ਇਸ ਜਿਮਨੀ ਚੋਣ ਲਈ 24 ਅਕਤੂਬਰ ਨੂੰ ਸਵੇਰੇ 9:00 ਵਜੇ ਤੋਂ ਸ਼ਾਮ 4:00 ਵਜੇ ਤੱਕ ਵੋਟਾਂ ਪਾਈਆਂ ਜਾਣਗੀਆਂ। ਨਾਮਜ਼ਦਗੀ ਪ੍ਰਕਿਰਿਆ ਅੱਜ ਸ਼ੁਰੂ ਹੋ ਗਈ ਏ ਤੇ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 13 ਅਕਤੂਬਰ ਏ। ਗਜ਼ਟਿਡ ਜਾਂ ਜਨਤਕ ਛੁੱਟੀਆਂ ਵਾਲੇ ਦਿਨ ਕੋਈ ਨਾਮਜ਼ਦਗੀ ਪ੍ਰਵਾਨ ਨਹੀਂ ਕੀਤੀ ਜਾਵੇਗੀ। ਨਾਮਜ਼ਦਗੀ ਪੱਤਰਾਂ ਦੀ ਜਾਂਚ 14 ਅਕਤੂਬਰ ਨੂੰ ਹੋਣੀ ਏ ਅਤੇ ਨਾਮ ਵਾਪਸ ਲੈਣ ਦੀ ਆਖ਼ਰੀ ਮਿਤੀ 16 ਅਕਤੂਬਰ ਏ। ਚੋਣ ਪ੍ਰਕਿਰਿਆ 28 ਅਕਤੂਬਰ ਤੋਂ ਪਹਿਲਾਂ ਪੂਰੀ ਕਰ ਲਈ ਜਾਵੇਗੀ। ਕੇਂਦਰੀ ਚੋਣ ਕਮਿਸ਼ਨ ਨੇ ਪੰਜਾਬ ਸਰਕਾਰ ਨਾਲ ਮਸ਼ਵਰਾ ਕਰ ਕੇ, ਇਸ ਚੋਣ ਪ੍ਰਕਿਰਿਆ ਦੇ ਸੰਚਾਲਨ ਵਿਚ ਮਦਦ ਲਈ ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਸਕੱਤਰ ਰਾਮ

ਲੋਕ ਖਟਾਣਾ ਨੂੰ ਰਿਟਰਨਿੰਗ ਅਫ਼ਸਰ ਤੇ ਪੰਜਾਬ ਵਿਧਾਨ ਸਭਾ ਸਕੱਤਰੇਤ ਦੇ ਡਿਪਟੀ ਸਕੱਤਰ ਜਸਵਿੰਦਰ ਸਿੰਘ ਨੂੰ ਸਹਾਇਕ ਰਿਟਰਨਿੰਗ ਅਫ਼ਸਰ ਨਿਯੁਕਤ ਕੀਤਾ ਏ। ਖਾਲੀ ਹੋਈ ਸੀਟ ਦੀ ਮਿਆਦ 9 ਅਪ੍ਰੈਲ, 2028 ਤੱਕ ਏ।

---------------------------------------------------------------------------

ਕੇਂਦਰੀ ਰੱਖਿਆ ਰਾਜ ਮੰਤਰੀ ਸੰਜੇ ਸੇਠ ਨੇ ਕੱਲ੍ਹ ਫਿਰੋਜ਼ਪੁਰ ਵਿਚ ਭਾਰਤੀ ਫੌਜ ਦੇ ਗੋਲਡਨ ਐਰੋ ਡਿਵੀਜ਼ਨ ਦਾ ਦੌਰਾ ਕੀਤਾ ਅਤੇ ਫਾਰਮੇਸ਼ਨ ਦੀ ਸੰਚਾਲਨ ਤਿਆਰੀ, ਸਰਹੱਦੀ ਪ੍ਰਬੰਧਾਂ ਅਤੇ ਮਾਨਵਤਾਵਾਦੀ ਪਹੁੰਚ ਪਹਿਲਕਦਮੀਆਂ ਦੀ ਸਮੀਖਿਆ ਕੀਤੀ। ਉਨ੍ਹਾਂ ਨੂੰ ਸੰਵੇਦਨਸ਼ੀਲ ਸਰਹੱਦੀ ਪੱਟੀ ਵਿਚ ਸੰਚਾਲਨ ਤਿਆਰੀ, ਬੁਨਿਆਦੀ ਢਾਂਚੇ ਦੇ ਵਿਕਾਸ ਤੇ ਨਸ਼ਾ ਵਿਰੋਧੀ ਪਹਿਲਕਦਮੀਆਂ ਤੋਂ ਇਲਾਵਾ ਸਾਬਕਾ ਸੈਨਿਕਾਂ ਦੀ ਭਲਾਈ ਬਾਰੇ ਜਾਣਕਾਰੀ ਦਿੱਤੀ ਗਈ। ਮੰਤਰੀ ਨੇ ਬਰਕੀ ਜੰਗੀ ਯਾਦਗਾਰ ਵਿਚ 1965 ਦੇ ਭਾਰਤ-ਪਾਕਿ ਯੁੱਧ ਦੇ ਬਹਾਦਰ ਯੋਧਿਆਂ ਨੂੰ ਸ਼ਰਧਾਂਜਲੀ ਭੇਟ ਕਰਦੇ ਹੋਏ ਫੌਜੀ ਸਨਮਾਨਾਂ ਨਾਲ ਫੁੱਲਮਾਲਾ ਭੇਟ ਕੀਤੀ। ਉਨ੍ਹਾਂ ਨੇ ਹੁਸੈਨੀਵਾਲਾ ਵਿਚ ਸ਼ਹੀਦ ਭਗਤ ਸਿੰਘ, ਰਾਜਗੁਰੂ ਤੇ ਸੁਖਦੇਵ ਨੂੰ ਉਨ੍ਹਾਂ ਦੇ ਸਮਾਧੀ ਸਥਲ 'ਤੇ ਸ਼ਰਧਾਂਜਲੀ ਵੀ ਭੇਟ ਕੀਤੀ। ਉਨ੍ਹਾਂ ਨੇ ਜ਼ਿਲ੍ਹੇ ਦੇ ਹੜ੍ਹ ਮਾਰੇ ਇਲਾਕਿਆਂ ਦਾ ਵਿਆਪਕ

ਦੌਰਾ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਤੇ ਹੋਰ ਏਜੰਸੀਆਂ ਦੇ ਤਾਲਮੇਲ ਵਿਚ ਗੋਲਡਨ ਐਰੋ ਡਿਵੀਜ਼ਨ ਵੱਲੋਂ ਕੀਤੇ ਗਏ ਤੇਜ਼ ਅਤੇ ਨਿਰਸਵਾਰਥ ਰਾਹਤ ਕਾਰਜਾਂ ਦੀ ਸ਼ਲਾਘਾ ਕੀਤੀ।

------------------------------------------------------------------------

ਪੰਜਾਬ ਦੇ ਖਣਨ, ਭੂ-ਵਿਗਿਆਨ, ਭੂਮੀ ਅਤੇ ਜਲ ਸਰੋਤ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਏ ਕਿ ਪੰਜਾਬ ਸਰਕਾਰ ਮਹਾਰਾਜਾ ਅਗਰਸੇਨ ਜੀ ਵੱਲੋਂ ਦਰਸਾਏ ਮਾਰਗ ’ਤੇ ਚੱਲਦਿਆਂ ਰੰਗਲਾ ਪੰਜਾਬ ਦੀ ਸਿਰਜਣਾ ਲਈ ਵਚਨਬੱਧ ਏ। ਕੈਬਨਿਟ ਮੰਤਰੀ ਕੱਲ੍ਹ ਜਲੰਧਰ ਵਿਚ ਮਹਾਰਾਜਾ ਅਗਰਸੇਨ ਦੀ ਪੰਜਾਬ ਪ੍ਰਾਂਤੀਆ 5,179ਵੀਂ ਜੈਅੰਤੀ ਮੌਕੇ ਕਰਵਾਏ ਗਏ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ, ਮਹਾਰਾਜਾ ਅਗਰਸੇਨ ਜੀ ਦੇ ਆਦਰਸ਼ਾਂ ’ਤੇ ਚੱਲਦੇ ਹੋਏ ਵੱਖ-ਵੱਖ ਭਲਾਈ ਕਾਰਜਾਂ ਤੇ ਯੋਜਨਾਵਾਂ ਰਾਹੀਂ ਸੂਬੇ ਦੇ ਹਰੇਕ ਵਸਨੀਕ ਨੂੰ ਸਵੈ-ਨਿਰਭਰ ਬਣਾ ਰਹੀ ਏ।

------------------------------------------------------------------------

ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ 120 ਫੁੱਟੀ ਰੋਡ, ਬਸਤੀ ਸ਼ੇਖ ਸਥਿਤ ਸਤਿਗੁਰੂ ਕਬੀਰ ਭਵਨ ਵਿਚ 42 ਲੱਖ ਰੁਪਏ ਦੀ ਲਾਗਤ ਨਾਲ

ਕਮਿਊਨਿਟੀ ਹਾਲ ਦੇ ਨਵੀਨੀਕਰਨ ਦੇ ਕੰਮ ਦਾ ਨੀਂਹ-ਪੱਥਰ ਰੱਖਿਆ। ਇਸ ਮੌਕੇ ਉਨ੍ਹਾਂ ਨਾਲ ਜਲੰਧਰ ਦੇ ਮੇਅਰ ਵਿਨੀਤ ਧੀਰ ਵੀ ਮੌਜੂਦ ਸਨ। ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਇਹ ਪ੍ਰਾਜੈਕਟ 6 ਮਹੀਨੇ ਦੇ ਅੰਦਰ ਮੁਕੰਮਲ ਕਰ ਲਿਆ ਜਾਵੇਗਾ।

-----------------------------------------------------------------------------

ਪੰਜਾਬ ਦੇ ਸਮਾਜਿਕ ਨਿਆਂ ਅਤੇ ਘੱਟ ਗਿਣਤੀ ਮਾਮਲਿਆਂ ਦੇ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਏ ਕਿ ਪੰਜਾਬ ਵਿਚ ਹੁਣ ਤੱਕ ਅਨੁਸੂਚਿਤ ਵਰਗ ਦੇ 1 ਲੱਖ 66 ਹਜਾਰ 958 ਵਿਦਿਆਰਥੀਆਂ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਅਧੀਨ ਡਾ. ਬੀ.ਆਰ. ਅੰਬੇਡਕਰ ਸਕਾਲਰਸ਼ਿਪ ਪੋਰਟਲ ‘ਤੇ ਅਪਲਾਈ ਕੀਤਾ ਏ। ਇਨ੍ਹਾਂ ਵਿੱਚੋਂ 20,773 ਵਿਦਿਆਰਥੀਆਂ ਦੀਆਂ ਅਰਜੀਆਂ ਦੀ ਤਸਦੀਕ ਹੋ ਚੁੱਕੀ ਏ। ਚਾਲੂ ਵਿੱਤੀ ਸਾਲ ਦੌਰਾਨ ਹੁਣ ਤੱਕ 627 ਵਿਦਿਆਰਥੀਆਂ ਲਈ 14 ਲੱਖ ਤੋਂ ਵੱਧ ਦੀ ਰਕਮ ਜਾਰੀ ਕੀਤੀ ਜਾ ਚੁੱਕੀ ਏ, ਜਦਕਿ 19,24 ਵਿਦਿਆਰਥੀਆਂ ਲਈ ਵਜੀਫੇ ਦੀ ਰਕਮ ਛੇਤੀ ਜਾਰੀ ਕੀਤੀ ਜਾਵੇਗੀ।

-----------------------------------------------------------------------------

ਮੌਸਮ ਵਿਭਾਗ ਨੇ ਅੱਜ ਪੰਜਾਬ ਵਿਚ ਕਈ ਥਾਵਾਂ ਉੱਤੇ ਗਰਜ ਤੇ ਤੇਜ਼ ਹਵਾਵਾਂ ਨਾਲ ਘੱਟ ਤੋਂ ਦਰਮਿਆਨੇ ਮੀਂਹ ਬਾਰੇ ਪੇਸ਼ੀਨਗੋਈ ਕੀਤੀ ਏ।

ਇਸ ਦੇ ਨਾਲ ਹੀ ਵਿਭਾਗ ਨੇ ਸੂਬੇ ਵਿਚ ਕੁਝ ਥਾਵਾਂ ਉੱਤੇ ਭਾਰੀ ਤੋਂ ਬਹੁਤ ਭਾਰੀ ਮੀਂਹ ਪੈਣ ਬਾਰੇ ਓਰੈਂਜ ਅਲਰਟ ਵੀ ਜਾਰੀ ਕੀਤਾ ਏ। ਭਲਕੇ 7 ਅਕਤੂਬਰ ਨੂੰ ਵੀ ਕੁਝ ਥਾਵਾਂ ਉੱਤੇ ਭਾਰੀ ਬਾਰਿਸ਼ ਹੋਣ ਬਾਰੇ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਮੌਸਮ ਵਿਭਾਗ ਦੀਆਂ ਬਾਰਿਸ਼ ਸਬੰਧੀ ਇਨ੍ਹਾਂ ਚੇਤਾਵਨੀਆਂ ਦੇ ਮੱਦੇਨਜ਼ਰ ਜ਼ਿਲ੍ਹਿਆਂ ਦੇ ਪ੍ਰਸ਼ਾਸਨਾਂ ਨੇ ਵੀ ਬੰਨ੍ਹਾਂ ਦੀ ਮਜ਼ਬੂਤੀ ਸਮੇਤ ਜ਼ਰੂਰੀ ਅਮਲਾ ਤਾਇਨਾਤ ਕਰਨ ਤੇ ਹੋਰ ਸਬੰਧਤ ਪੁਖ਼ਤਾ ਇੰਤਜਾਮ ਕੀਤੇ ਨੇ।

---------------------------------------------------------------------------